**Vigilance Bureau Punjab**

# Vigilance nabs ASI for taking bribe

Chandigarh, March 20: Punjab Vigilance Bureau, nabbed an Assistant Sub Inspector (ASI) posted at Rahon Police Lines, SBS Nagar red handed while accepting bribe of Rs 15,000.

Disclosing this here an official spokesperson of the Vigilance Bureau said ASI Balwinder Singh was nabbed red handed on the complaint of Surinder Kumar of village Majoor, SBS Nagar. The complainant has approached the VB and alleged that the accused ASI was demanding bribe of Rs. 30,000 for not taking any action against his brother-in-law in a complaint case lodged by his wife. After verifying his information, the vigilance team laid a trap and the accused ASI was arrested on the spot while taking bribe of Rs. 15,000 as a first instalment from the complainant in the presence of two official witnesses.

He informed that a case under Prevention of Corruption Act has been registered against the accused VB police station Jalandhar and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 20 ਮਾਰਚ: ਪੰਜਾਬ ਵਿਜੀਲੈਂਸ ਬਿਊਰੋ ਨੇ ਦਫਤਰ ਰਾਹੋਂ, ਪੁਲਿਸ ਲਾਈਨ, ਸ਼ਹੀਦ ਭਗਤ ਸਿੰਘ ਨਗਰ ਵਿਖੇ ਤਾਇਨਾਤ ਏ.ਐਸ.ਆਈ. ਬਲਵਿੰਦਰ ਸਿੰਘ  ਨੂੰ 15,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਸੁਰਿੰਦਰ ਕੁਮਾਰ ਵਾਸੀ ਪਿੰਡ ਮਜੂਰ, ਸ਼ਹੀਦ ਭਗਤ ਸਿੰਘ ਨਗਰ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸਦੇ ਸਾਲੇ ਦੀ ਪਤਨੀ ਵਲੋਂ ਉਸ ਦੇ ਸਾਲੇ ਖਿਲਾਫ਼ ਦਿੱਤੀ ਦਰਖਾਸਤ ’ਤੇ ਕਾਰਵਾਈ ਨਾ ਕਰਨ ਬਦਲੇ  ਏ.ਐਸ.ਆਈ ਬਲਵਿੰਦਰ ਸਿੰਘ ਵਲੋਂ 30,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸ਼ਤ ਦੇ 15,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

-------